PN-1*
File No.DIPR-DPR1/99/2020-O/o DPRO-GURDASPUR
I/29489/2020
1*ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਵਲੋਂ ਲਾਕ ਡਾਊਨ 5.0 ਸਬੰਧੀ ਜਾਰੀ ਕੀਤੇ ਗਏ ਹੁਕਮ

ਦੁਕਾਨਾਂ ਦਿਨ ਵਾਰ/ਰੁਟੇਸ਼ਨਵਾਈਜ਼ ਹੀ ਖੁੱਲਣਗੀਆਂ

ਗੁਰਦਾਸਪੁਰ, 1 ਜੂਨ ( ) ਜ਼ਿਲਾ ਮੈਜਿਸਟਰੇਟ ਜਨਾਬ ਮੁਹੰਮਦ ਇਸ਼ਫਾਕ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਨੂੰ ਜਿਲੇ ਅੰਦਰ 17 ਮਈ 2020 ਨੂੰ ਲਾਕ ਡਾਊਨ 4.0 ਲਾਗੂ ਕੀਤਾ ਗਿਆ ਸੀ । ਐਡੀਸ਼ਨਲ ਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਪੰਜਾਬ ਸਰਕਾਰ ਵਲੋਂ 31 ਮਈ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਕਡਾਊਨ 5.0/ ਅਨਲਾਕ-1 ਤਹਿਤ ਗਾਈਡਲਾਈਨਜ਼ ਜਾਰੀ ਕੀਤੀਆਂ ਗਈਆਂ ਹਨ।

ਇਸ ਲਈ ਐਡੀਸ਼ਨਲ ਮੁੱਖ ਸਕੱਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਪੰਜਾਬ ਸਰਕਾਰ ਦੀਆਂ ਦਿੱਤੀਆਂ ਹਦਾਇਤਾਂ ਨੂੰ ਧਿਆਨ ਵਿਚ ਰੱਖਦਿਆਂ ਹੋਏ ਸੀ.ਪੀ.ਸੀ 144 ਤਹਿਤ ਹੇਠ ਲਿਖੇ ਹੁਕਮ ਜਾਰੀ ਕੀਤੇ ਜਾਂਦੇ ਹਨ।

Ñਲੋਕਾਂ ਦੀ ਆਵਾਜਾਈ ਸਬੰਧੀ –ਰਾਤ 9 ਵਜੇ ਤੋਂ ਲੈ ਕੇ ਸਵੇਰੇ 05 ਵਜੇ ਤਕ ਵਿਅਕਤੀਆਂ ਵਲੋਂ ਗੈਰ ਜਰੂਰੀ ਗਤੀਵਿਧੀਆਂ ਕਰਨ 'ਤੇ ਪਾਬੰਦੀ ਰਹੇਗੀ। 65 ਸਾਲ ਤੋਂ ਵੱਧ ਉਮਰ ਵਾਲੇ ਵਿਅਕਤੀ, persons with co-morbidity, ਗਰਭਵਤੀ ਔਰਤਾਂ ਅਤੇ 10 ਸਾਲ ਤੋਂ ਘੱਟ ਉਮਰ ਦੇ ਬੱਚੇ, ਜਰੂਰੀ ਕੰਮ ਜਾਂ ਸਿਹਤ ਸੇਵਾਵਾਂ ਤੋਂ ਬਿਨਾਂ ਘਰ ਵਿਚ ਰਹਿਣਗੇ।

ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਾਲੀ ਜਾਰੀ ਹਦਾਇਤਾਂ ਤਹਿਤ ਸਿਨੇਮਾ ਹਾਲ, ਜਿੰਮਨੇਜ਼ੀਅਮ, ਸਵਿੰਮਗ ਪੂਲ, ਮਨੋਰੰਜਨ ਪਾਰਕ, ਥਿਏਟਰ, ਬਾਰਜ਼, ਆਡੋਟੋਰੀਅਮ, ਐਸੰਬਲੀ ਹਾਲ ਅਤੇ ਪੈਲੇਸ ਬੰਦ ਰਹਿਣਗੇ। । ਸਾਰੀਆਂ ਤਰਾਂ ਦੀਆਂ ਸਮਾਜਿਕ, ਰਾਜੀਨੀਤਿਕ, ਖੇਡਾਂ, ਮਨੋਰੰਜਕ, ਅਕੈਡਮਿਕ, ਸੱਭਿਆਚਾਰਕ ਅਤੇ ਧਾਰਮਿਕ ਪਰੋਗਰਾਮ ਕਰਨ 'ਤੇ ਪਾਬੰਦੀ ਹੋਵੇਗੀ ਅਤੇ ਨਾ ਹੀ ਭੀੜ ਇਕੱਤਰ ਜਾ ਸਕਦੀ ਹੈ। ਜਨਤਕ ਸਥਾਨਾਂ 'ਤੇ ਥੁੱਕਣ ਦੀ ਮਨਾਹੀ ਹੋਵੇਗੀ। ਜਨਤਕ ਸਥਾਨਾਂ 'ਤੇ ਸ਼ਰਾਬ ਪੀਣ, ਪਾਨ, ਗੁਟਕਾ ਤੇ ਤੰਬਾਕੂ ਆਦਿ ਖਾਣ 'ਤੇ ਮਨਾਹੀ ਹੋਵੇਗੀ ਭਾਵੇਂ ਕਿ ਇਨਾਂ ਦੇ ਵੇਚਣ 'ਤੇ ਰੋਕ ਨਹੀਂ ਹੈ।

ਵਿਆਹ ਵਿਚ 50 ਤੋਂ ਜ਼ਿਆਦਾ ਵਿਅਖਤੀ ਇਕੱਠੇ ਨਹੀਂ ੇਹਣਗੇ ਅਤੇ ਅੰਮਿਤ ਸਸਕਾਰ ਵਿਚ 20 ਤੋਂ ਜ਼ਿਆਦਾ ਵਿਅਕਤੀ ਇਕੱਠੇ ਨਹੀ ਹੋਣਗੇ। ਧਾਰਮਿਕ ਸਥਾਨ/ ਲੋਕਾਂ ਦੇ ਪੂਜਣ ਵਾਲੇ ਸਥਾਨ 7 ਜੂਨ ਤਕ ਬੰਦ ਰਹਿਣਗੇ ਅਤੇ ਇਨਾਂ ਸਬੰਧੀ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਲੋਂ 8 ਜੂਨ 2020 ਨੂੰ ਧਾਰਮਿਕ ਸਥਾਨ ਖੋਲ•ਣ ਸਬੰਧੀ ਆਰਡਰ ਜਾਰੀ ਕੀਤੇ ਜਾਣਗੇ। ਹੋਟਲ ਅਤੇ ਹੋਰ ਹਾਸਪਿਟਲੀ ਸੇਵਾਵਾਂ 7 ਜੂਨ ਤਕ ਬੰਦ ਰਹਿਣਗੀਆਂ ਅਤੇ ਇਨਾਂ ਸਬੰਧੀ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਲੋਂ 8 ਜੂਨ 2020 ਨੂੰ ਇਨਾਂ ਨੂੰ ਖੋਲ•ਣ ਸਬੰਧੀ ਆਰਡਰ ਜਾਰੀ ਕੀਤੇ ਜਾਣਗੇ। ਸ਼ਾਪਿੰਗ ਮਾਲ 7 ਜੂਨ ਤਕ ਬੰਦ ਰਹਿਣਗੇ ਅਤੇ ਇਨਾਂ ਸਬੰਧੀ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਲੋਂ 8 ਜੂਨ 2020 ਨੂੰ ਆਰਡਰ ਜਾਰੀ ਕੀਤੇ ਜਾਣਗੇ। ਰੈਸਟੋਰੈਂਟ/ਢਾਬਾ ਅਤੇ ਸਬਜ਼ੀਆਂ ਵੇਚਣ ਵਾਲੀਆਂ ਰੇਹੜੀਆਂ ਵਾਲੇ ਹੋਮ ਡਿਲਵਰੀ ਕਰ ਸਕਦੀਆਂ ਹਨ ਪਰ ਰੈਸਟੋਰੈਂਟ/ਢਾਬੇ ਵਿਚ ਬੈਠ ਕੇ 7 ਜੂਨ ਤਕ ਖਾਣਾ ਨਹੀਂ ਖਾਧਾ ਜਾ ਸਕਦਾ ਹੈ ਅਤੇ ਇਨਾਂ ਸਬੰਧੀ ਭਾਰਤ ਸਰਕਾਰ ਦੇ ਗ੍ਰਹਿ ਵਿਭਾਗ ਵਲੋਂ 8 ਜੂਨ 2020 ਨੂੰ ਆਰਡਰ ਜਾਰੀ ਕੀਤੇ ਜਾਣਗੇ।

ਪੈਸੰਜਰ (ਸਵਾਰੀਆਂ), ਇਕ ਰਾਜ ਵਿਚੋਂ ਦੂਜੇ ਰਾਜ ਵਿਚ ਕਾਰ, ਬੱਸ, ਰੇਲ ਗੱਡੀਆਂ ਜਾਂ ਘਰੇਲੂ ਉਡਾਣਾ ਆਦਿ ਰਾਹੀਂ ਜਾਣ ਦੌਰਾਨ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ। ਪੈਸੰਦਰ ਆਪਣੇ ਮੋਬਾਇ੍ਰ ਤੇ 'ਕੋਵਾ ਐਪ' ਡਾਊਨਲੋਡ ਕਰਣਗੇ ਅਤੇ ਖੁਦ ਈ-ਪਾਸ ਜਨਰੇਟ ਕਰ ਸਕਦੇ ਹਨ ਅਤੇ ਏਅਰਪੋਰਟ/ਰੇਲਵੇ ਸਟੇਸ਼ਨ/ਬੱਸ ਅੱਡੇ/ਅੰਤਰ-ਰਾਜੀ ਬਾਰਡਰ 'ਤੇ ਆਪਣੇ ਪਾਰਟੀਕੁਲਰ ਡੇਕਲੇਅ੍ਰ ਕਰ ਸਕਦੇ ਹਨ।

ਬੱਸਾਂ ਅਤੇ ਵਹੀਕਲਾਂ ਦੀ ਆਵਾਜਾਈ ਸਬੰਧੀ-

ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਹਦਾਇਤਾਂ ਤਹਿਤ Inter-state movement of buses (ਇਕ ਰਾਜ ਵਿਚੋਂ ਦੂਜੇ ਰਾਜ ਵਿਚ ਜਾਣ ਲਈ) ਚੱਲ ਸਕਣਗੀਆਂ।

ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਹਦਾਇਤਾਂ ਤਹਿਤ Intra-stae movement of buses (ਸੂਬੇ ਵਿਚ ਹੀ ਚੱਲਣ ਸਬੰਧੀ) ਚੱਲ ਸਕਣਗੀਆਂ।

Inter-state movement of passenger vehicle- 'ਟੈਕਸੀਆਂ, ਕੇਟਸ, ਸਟੇਗ ਕੈਰੀਅਰਜ, ਟੈਪੋ ਟਰੈਵਲਰ ਅਤੇ ਕਾਰਾਂ ਖੁਦ ਜਨਰੇਟ ਕੀਤੇ ਈ ਪਾਸ ਰਾਹੀਂ ਚੱਲ ਸਕਣਗੀਆਂ। Intra-state movement of passenger vehicle- 'ਟੈਕਸੀਆਂ, ਕੇਟਸ, ਸਟੇਗ ਕੈਰੀਅਰਜ, ਟੈਪੋ ਟਰੈਵਲਰ ਅਤੇ ਕਾਰਾਂ ਚੱਲਣ 'ਤੇ ਕੋਈ ਰੋਕ ਨਹੀਂ ਹੋਵੇਗੀ। ਬਾਈ-ਸਾਈਕਲ, ਰਿਕਸ਼ਾ ਅਤੇ ਆਟੋ -ਰਿਕਸ਼ਾ, ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਐਸ.ਓ.ਪੀ (Standard Operating Procedure) ਤਹਿਤ ਚੱਲ ਸਕਣਗੇ । ਟੂ ਵੀਲ•ਰ, ਪੰਜਾਬ ਲਈ 1 ਪਲੱਸ 1, ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਐਸ.ਓ.ਪੀ ਤਹਿਤ ਚੱਲ ਸਕਣਗੇ । ਫੋਰ ਵੀਲ•ਰ, 1 ਪਲੱਸ 2 ਨਾਲ ਸਟੇਟ ਟਰਾਂਸਪੋਰਟ ਵਿਭਾਗ ਵਲੋਂ ਜਾਰੀ ਐਸ.ਓ.ਪੀ ਤਹਿਤ ਚੱਲ ਸਕਣਗੇ । ਬਜਾਰ ਜਾਣ, ਦਫਤਰ ਜਾਂ ਕੰਮ ਵਾਲੇ ਸਥਾਨ 'ਤੇ ਜਾਣ ਲਈ ਪਾਸ ਦੀ ਲੋੜ ਨਹੀਂ ਹੋਵੇਗੀ। ਇਕ ਸੂਬੇ ਵਿਚੋਂ ਦੂਸਰੇ ਸੂਬੇ ਵਿਚ ਜਾਣ ਲਈ ਗੁੱਡਜ਼ ਮੂਵਮੈਂਟ ਉੱਪਰ ਕੋਈ ਰੋਕ ਨਹੀਂ ਹੋਵੇਗੀ। ਵਿਅਕਤੀਆਂ ਦੇ ਇਕ ਸ਼ਹਿਰ ਤੋਂ ਦੂਜੇ ਸ਼ਹਿਰ ਜਾਂ ਜਿਲੇ ਵਿਚ ਜਾਣ ਲਈ ਕੋਈ ਰੋਕ ਨਹੀਂ ਹੋਵੇਗੀ। ਪਰ ਸ਼ੋਸਲ ਵਿਜਿਟ ਕਰਨ ਸਮੇਂ ਸਿਹਤ ਵਿਭਾਗ ਵਲੋਂ ਜਾਰੀ ਐਸ.ਓ.ਪੀ ਨੂੰ ਧਿਆਨ ਵਿਚ ਰੱਖਣਾ ਚਾਹੀਦਾ ਹੈ।

ਦੁਕਾਨਾਂ ਖੋਲ•ਣ ਸਬੰਧੀ- ਸ਼ਾਪਿੰਗ ਮਾਲ ਬੰਦ ਰਹਿਣਗੇ। ਸ਼ਹਿਰੀ ਅਤੇ ਪੇਂਡੂ ਖੇਤਰ ਦੇ ਮੈਨ ਬਜਾਰ ਵਿਚ ਦੁਕਾਨਾਂ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਖੁੱਲ•ਣਗੀਆਂ। ਸ਼ਰਾਬ ਦੇ ਠੇਕੇ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤਕ ਖੁੱਲ•ੇ ਰਹਿਣਗੇ। ਮੈਨ ਬਜ਼ਾਰ ਵਿਚਲੀਆਂ ਦੁਕਾਨਾਂ, ਮਾਰਕਿਟ ਕੰਪਲੈਕਸ ਅਤੇ ਰੇਹੜੀਆਂ ਮਾਰਕਿਟ ਅਤੇ ਹੋਰ ਭੀੜ ਭੜੱਕੇ ਵਾਲੀਆਂ ਥਾਵਾਂ ਆਦਿ 'ਤੇ ਭੀੜ ਨੂੰ ਘਟਾਉਣ ਦੇ ਮਕਸਦ ਨਾਲ ਹੇਠ ਲਿਖੇ ਸਡਿਊਲ ਅਨੁਸਾਰ ਦੁਕਾਨਾਂ ਖੁੱਲ•ਣਗੀਆਂ :-

ਕੈਟਾਗਿਰੀ –1 ਮੈਡੀਕਲ ਸੇਵਾਵਾਂ :

ਹਫਤੇ ਦੇ ਸਾਰੇ ਦਿਨ, 24 ਘੰਟੇ ਸਰਕਾਰੀ ਤੇ ਪ੍ਰਾਈਵੇਟ ਹਸਪਾਤਲ, ਉਨਾਂ ਨਾਲ ਸਬੰਧਿਤ ਮੈਡੀਕਲ ਸੰਸਥਾਵਾਂ, ਮੈਨੂਫੈਕਚਰਿੰਗ ਅਤੇ ਡਿਸਟਰੀਬਿਊਸ਼ਨ ਯੂਨਿਟ, ਡਿਸਪੈਂਸਰੀਆਂ, ਕੈਮਿਸਟ ਤੇ ਮੈਡੀਕਲ ਦੁਕਾਨਾਂ, ਲੈਬਾਰਟਰੀ, ਨਰਸਿੰਗ ਹੋਮ ਅਤੇ ਐਂਬੂਲਸ ਆਦਿ ਪਹਿਲਾਂ ਦੀ ਤਰਾਂ ਲਗਾਤਾਰ ਕੰਮ ਕਰਦੀਆਂ ਰਹਿਣਗੀਆਂ। ਮੈਡਕਲ ਕਰਮਚਾਰੀ, ਨਰਸਾਂ, ਪੈਰਾ-ਮੈਡੀਕਲ ਸਟਾਫ ਅਤੇ ਹੋਰ ਹਸਪਤਾਲ ਨਾਲ ਸਬੰਧਿਤ ਸੇਵਾਵਾਂ ਨੂੰ ਆਵਾਜਾਈ ਕਰਨ ਲਈ ਛੋਟ ਹੈ।

ਕੈਟਾਗਿਰੀ –1 ਬੀ (ਸੋਮਵਾਰ ਤੋਂ ਐਤਵਾਰ ਤਕ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ)

ਕਰਿਆਨਾ, ਡੇਅਰੀ ਪ੍ਰੋਡੱਕਟਸ, ਮਠਿਆਈਆਂ ਵਾਲੀਆਂ ਦੁਕਾਨਾਂ, ਟੈਂਟ ਸਟੋਰਜ਼, ਕੋਰੀਅਰ ਅਤੇ ਪੋਸਟਲ ਸਰਵਿਸਜ਼, ਬੇਕਰੀ ਵਾਲੀਆਂ ਦੁਕਾਨਾਂ, ਮੀਟ ਅਤੇ ਪੋਲਟਰੀ ਵਾਲੀਆਂ ਦੁਕਾਨਾਂ, ਫਲ ਅਤੇ ਸ਼ਬਜ਼ੀਆਂ ਵਾਲੀਆਂ ਦੁਕਾਨਾਂ, ਰੈਸਟੋਰੈਂਟ ਸਿਰਫ ਹੋਮ ਡਿਲਵਰੀ ਕਰ ਸਕਣਗੇ, ਰੈਸੋਂਟਰੈਂਟ ਵਿਚ ਬੈਠ ਕੇ ਖਾਣਾ ਨਹੀਂ ਖਾਧਾ ਜਾ ਸਕੇਗਾ। ਠੇਕੇ ਸ਼ਰਾਬ ਵੇਚ ਸਕਣਗੇ ਜਾਂ ਹੋਮ ਡਿਲਵਰੀ ਵੀ ਕਰ ਸਕਦੇ ਹਨ। ਬਾਰਬਰ (ਨਾਈ) ਦੀਆਂ ਦੁਕਾਨਾਂ, saloons and spas ਖੋਲ•ਣ ਸਮੇਂ ਪੰਜਾਬ ਸਰਕਾਰ ਦੇ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣਗੇ।

ਕੈਟਾਗਿਰੀ-1 ਸੀ (ਸੋਮਵਾਰ ਤੋਂ ਸ਼ਨੀਵਾਰ ਤਕ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ)

ਜਨਰਲ ਪ੍ਰੋਵੀਜ਼ਨ, ਖਾਦਾਂ ਤੇ ਕੀਟਨਾਸ਼ਕ ਵਾਲੀਆਂ ਦੁਕਾਨਾਂ, ਸਟੇਸ਼ਨਰੀ ਵਾਲੀਆਂ ਦੁਕਾਨਾਂ, ਮਕੈਨਿਕ ਤੇ ਰਿਪੇਅਰ ਵਾਲੀਆਂ ਦੁਕਾਨਾਂ ਜਿਵੇ ਕਿ ਪਲੰਬਰ, ਆਇਰਨ ਸਮਿੱਥ, ਮੋਚੀ, ਵੈਲਡਰ, ਵਾਟਰ ਆਰ.ਓ ਸਿਰਫ ਰਿਪੇਅਰ ਵਾਲੀਆਂ, ਪੇਂਟ ਸਟੋਰ ਤੇ ਦੁਕਾਨਾਂ, ਟਰੈਕਟਰ ਵਰਕਸ਼ਾਪ ਅਤੇ ਸਪੇਅਰ ਪਾਰਟਸ ਦੁਕਾਨਾਂ , ਸਿਰਫ ਟਰੱਕ, ਫੋਰ ਤੇ ਟੂ ਵੀਲ•ਰ ਵਰਕਸ਼ਾਪ ਤੇ ਇਨਾਂ ਦੇ ਸਪੇਰਅਰ ਪਾਰਟਸ, ਆਇਰਨ ਡੀਲਰ, ਸੀਮਿੰਟ, ਰੇਤ ਤੇ ਬੱਜਰੀ ਵਾਲੀਆਂ ਦੁਕਾਨਾਂ, ਪਲਾਈਵੁੱਡ, ਗਲਾਸ ਸਟੋਰ, ਪੀ.ਵੀ.ਸੀ ਪੈਨਲ ਤੇ ਪਾਈਪ ਫਿਟਿੰਗ, ਆਇਰਨ ਫੈਬਰੀਕੇਟਰ, ਗਿਫਟ ਹਾਊਸ, ਡਰਾਈ ਫਰੂਟਸ ਦੁਕਾਨਾਂ, ਕਬਾੜੀਆ, ਅਲਮੂਨੀਅਨ ਅਤੇ ਮੈਟਲ ਵਰਕਸ, ਆਟੋਮੋਬਾਇਲ ਏਜੰਸੀ/ਡੀਲਰਸ਼ਿਪ ਸ਼ਾਪ/ਸ਼ੋਅਰੂਮ (ਸਿਰਫ ਚਾਰ ਪਹੀਆ ਤੇ ਦੋ ਵਾਹਨ ਖੁੱਲ• ਸਕਦੇ ਹਨ। ਘੜੀਆਂ ਅਤੇ ਮੋਬਾਇਲ ਸਟੋਰ ਅਤੇ ਮੋਬਾਇਲ ਰਿਪੇਅਰ ਦੀਆਂ ਦੁਕਾਨਾਂ, ਬੀਜ ਵਾਲੀਆਂ ਦੁਕਾਨਾਂ, ਐਨਕਾਂ ਵਾਲੀਆਂ ਦੁਕਾਨਾਂ, ਪ੍ਰਿੰਟਿਗ ਪ੍ਰੈੱਸ, ਈ-ਕਾਮਰਸ, ਟਾਇਰ ਐਂਡ ਟਿਊਬ ਸਟੋਰ ਤੇ ਸਪੇਅਰ ਪਾਰਟਸ, ਸਾਰੀਆਂ ਕਿਸਮਾਂ ਦੇ ਹਾਰਡਵੇਅਰ ਦੀਆਂ ਦੁਕਾਨਾਂ, ਬਿਜਲੀ ਤੇ ਬਿਜਲੀ ਵਸਤਾਂ ਦੀਆਂ ਦੁਕਾਨਾਂ ਤੇ ਸਪੇਅਰ ਪਾਰਟਸ, ਇਨਵਰਟਰ ਤੇ ਬੈਟਰੀ ਦੀਆਂ ਦੁਕਾਨਾਂ, ਇੰਡਸਟਰੀ ਨਾਲ ਸਬੰਧਿਤ ਕਾਸਟ ਆਇਰਨ ਡੀਲਰ ਜਾਂ ਹਰ ਤਰਾਂ ਦਾ ਡੀਲਰ, ਕੰਪਿਊਟਰ ਸੈਲਰ ਅਤੇ ਕੰਪਿਊਟਰ ਰਿਪੇਅਰ, ਸ਼ੈਨੇਟਰੀ, ਮਾਰਬਲਜ਼ ਤੇ ਟਾਇਲਾਂ, ਪੰਪ ਸੈੱਟਸ, ਫੋਟੋਗਰਾਫਰਜ਼, ਵੀਡੀਓ ਸਟੂਡਿਊ, ਫਰਨੀਚਰ ਸਟੋਰ, ਟਿੰਬਰ ਮਰਟਚੈਂਟਸ, ਕਾਰਪੈਂਟਰ ਤੇ ਆਰੀ ਵਾਲੇ, ਗੰਨ ਹਾਊਸ, ਪਲਾਂਟ ਨਰਸਰੀ, ਆਇਰਨ ਵਪਾਰੀ, ਏਅਰ ਕੂਲਰ ਬਾਡੀ ਫੈਬਰੀ ਕੇਟਰ, ਕਾਰ ਵੇਚਣ ਤੇ ਖਰੀਦਣ ਵਾਲੀਆਂ ਦੁਕਾਨਾਂ ਅਤੇ ਸਾਈਕਲ ਸਟੋਰ ਅਤੇ ਸਾਈਕਲ ਰਿਪੇਅਰ ਦੀਆਂ ਦੁਕਾਨਾਂ ਸ਼ਾਮਿਲ ਹਨ।

ਕੈਟਾਗਿਰੀ-2 (ਹਫਤੇ ਵਿਚ ਤਿੰਨ ਦਿਨ ਸੋਮਵਾਰ, ਬੁੱਧਵਾਰ ਤੇ ਸ਼ੁੱਕਰਵਾਰ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ)

ਸਪਰੋਟਸ ਦੁਕਾਨਾਂ, ”tensils, crockery, ਸ਼ੂਅ ਵਾਲੀਆਂ ਤੇ ਮੋਚੀਆਂ ਦੀਆਂ ਦੁਕਾਨਾਂ, ਜਨਰਲ ਸਟੋਰ (ਮਨਿਆਰੀ), ਪਲਾਸਟਿਕ ਗੁੱਡਜ਼ ਦੁਕਾਨਾਂ, ਸੁਨਿਆਰੇ ਦੀਆਂ ਦੁਕਾਨਾਂ ਅਤੇ any other category of shop not permitted under category ੧ or ੩ ਸ਼ਾਮਿਲ ਹਨ।

ਕੈਟਾਗਿਰੀ-3 (ਹਫਤੇ ਵਿਚ ਤਿੰਨ ਦਿਨ ਮੰਗਲਵਾਰ, ਵੀਰਵਾਰ ਤੇ ਸ਼ਨੀਵਾਰ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤਕ)

ਕੱਪੜਾ ਮਰਚੈਂਟ, ਟੇਲਰ, ਹੈਂਡਲੂਮ ਅਤੇ ਖਾਦੀ ਵਸਤਾਂ ਵਾਲੀਆਂ ਦੁਕਾਨਾਂ ਤੇ ਸਟੋਰ, ਰੈਡੀਮੈਡ ਗਾਰਮੈਂਟਸ, ਡਰਾਈ ਕਲੀਨਰ ਤੇ ਡਾਇੰਗ ਸ਼ਾਪ ਸ਼ਾਮਿਲ ਹਨ।

ਜੇ ਕਈ ਦੁਕਾਨਦਾਰ ਮਲਟੀਪਲਾਈ ਆਈਟਮਾਂ ਵੇਚਦਾ ਹੈ ਤੇ ਮਲਟੀਪਲਾਈ ਰੋਟੈਸ਼ਨਲ ਕੈਟਾਗਿਰੀਜ਼ ਵਿਚ ਆਉਂਦਾ ਹੈ ਤਾਂ ਸਿਰਫ ਕੈਟਗਿਰੀ 2 ਵਿਚ ਖੋਲ• ਸਕਦਾ ਹੈ। ਜੇ ਕੋਈ ਦਾਕਨਦਾਰ ਆਪਣੀ ਕੈਟਾਗਿਰੀ 2 ਵਿਚੋਂ 1 ਜਾਂ 3 ਵਿਚ ਬਦਲਾਉਣਾ ਚਾਹੁੰਦਾ ਹੈ ਤਾਂ ਉਹ ਆਪਣੇ ਸਬੰਧਿਤ ਏਰੀਏ ਦੇ ਸਬ ਡਵੀਜ਼ਨਲ ਮੈਜਿਸਟਰੇਟ ਦਫਤਰ ਵਿਖੇ ਅਪਲਾਈ ਕਰ ਸਕਦਾ ਹੈ ਅਤੇ ਐਸ.ਡੀ.ਐਮ ਵਲੋਂ ਵੈਰੀਫਾਈ ਕਰਨ ਉਪਰੰਤ ਜੇਕਰ ਕੈਟਾਗਿਰੀ ਬਦਲਾਉਣ ਦਾ ਕਾਰਨ ਸਹੀ ਪਾਇਆ ਜਾਂਦਾ ਹੈ ਤਾਂ ਐਸ.ਡੀ.ਐਮ ਕੈਟਾਗਿਰੀ ਬਦਲ ਸਕਦਾ ਹੈ।

ਖੇਡ ਕੰਪਲੈਕਸ ਅਤੇ ਸਟੇਡੀਅਮ ਬਿਨਾਂ ਦਰਸ਼ਕਾਂ ਦੇ ਸਿਹਤ ਵਿਭਾਗ ਵਲੋਂ ਜਾਰੀ ਐਸ.ਓ.ਪੀ ਤਹਿਤ ਖੋਲ•ੇ ਜਾ ਸਕਦੇ ਹਨ। ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਇੰਸਡਟਰੀਜ਼ ਅਤੇ ਇੰਡਸਟਰੀਅਲ 5stablishments ਆਪਣਾ ਕੰਮ ਕਰ ਸਕਦੀਆਂ ਹਨ। ਸ਼ਹਿਰੀ ਅਤੇ ਪੇਂਡੂ ਖੇਤਰ ਵਿਚ ਕੰਸ਼ਟਰੱਕਸ਼ਨ ਦਾ ਕੰਮ ਕੀਤਾ ਜਾ ਸਕਦਾ ਹੈ। ਖੇਤੀਬਾੜੀ, ਬਾਗਬਾਨੀ, ਐਨੀਮਲ ਹਸਬੈਂਡਰੀ ਅਤੇ ਵੈਟਰਨਰੀ ਸੇਵਾਵਾਂ ਬਿਨਾਂ ਰੋਕ ਦੇ ਕੰਮ ਕਰ ਸਕਦੇ ਹਨ। ਸਾਰੀਆਂ ਵਸਤਾਂ ਲਈ ਈ.-ਕਾਮਰਸ ਦੀ ਆਗਿਆ ਹੋਵੇਗੀ।

ਸੈਂਟਰਲ ਅਤੇ ਪ੍ਰਾਈਵੇਟ ਦਫਤਰ ਬਿਨਾਂ ਰੋਕ ਦੇ ਖੁੱਲ• ਸਕਦੇ ਹਨ ਪਰ ਸ਼ੋਸਲ ਡਿਸਟੈਂਸ ਅਤੇ ਮਾਸਕ ਪਹਿਨਣ ਨੂੰ ਲਗਾਤਾਰ ਯਕੀਨੀ ਬਣਾਉਣਗੇ। ਅਗਰ ਕੋਈ ਵਿਅਕਤੀ ਲਾਕ ਡਾਊਨ ਜਾਂ ਉੱਪਰ ਦਿੱਤੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਹੈ ਤਾਂ ਉਸ ਵਿਰੁੱਧ The disaster management Act, 2005 ਦੇ ਸੈਕਸ਼ਨ 51 ਤੋਂ 60 ਅਧੀਨ ਅਤੇ ਆਈ.ਪੀ.ਸੀ ਦੀ ਧਾਰਾ 188 ਤਹਿਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਐਡਵਾਇਜ਼ਰੀ : ਪੰਜਾਬ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਲੋਂ ਸਮੇਂ 'ਤੇ ਐਡਵਾਇਜ਼ਰੀਆਂ ਜਾਰੀ ਕੀਤੀਆਂ ਗਈਆਂ ਸਨ। ਸਿਹਤ ਵਿਭਾਗ ਵਲੋਂ 20 ਅਪਰੈਲ 2020 ਨੂੰ ਦਫਤਰਾਂ ਸਬੰਧੀ, 23 ਅਪ੍ਰੈਲ ਨੂੰ ਬੈਂਕਾਂ ਸਬੰਧੀ, 24 ਅਪ੍ਰੈਲ ਨੂੰ ਰਿਹਾਇਸ਼ੀ ਅਤੇ ਕਮਰਸ਼ੀਅਲ ਖੇਤਰ ਵਿਚ ਏਅਰ-ਕੰਡੀਸ਼ਨਰ ਚਲਾਉਣ ਸਬੰਧੀ, 25 ਅਪੈਲ ਨੂੰ ਉਦਯੋਗਾਂ ਸਬੰਧੀ, 26 ਅਪਰੈਲ ਨੂੰ ਮਗਨਰੇਗਾ ਕੰਮਾਂ ਸਬੰਧੀ, 28 ਅਪ੍ਰੈਲ ਨੂੰ ਦੁਕਾਨਾਂ ਸਬੰਧੀ, 29 ਅਪਰੈਲ ਨੂੰ ਪੈਟੋਰਲ ਪੰਪਾਂ ਸਬੰਧੀ, 30 ਅਪ੍ਰੈਲ ਨੂੰ ਗੁੱਡਜ਼ ਵਹੀਕਲਾਂ ਸਬੰਧੀ, 2 ਮਈ ਨੂੰ ਸੀਨੀਅਰ ਸਿਟੀਜਨਾਂ ਸਬੰਧੀ, 6 ਮਈ ਨੂੰ ਟਰਾਂਸਪੋਰਟ ਬੱਸਾਂ ਸਬੰਧੀ, 7 ਮਈ ਨੂੰ ਘਰੇਲੂ ਵਰਤੇ ਜਾਣ ਵਾਲ ਖਾਧ ਪਦਾਰਥਾਂ ਸਬੰਧੀ, 11 ਮਈ ਨੂੰ ਇੰਟਰ-ਸਟੇਟ ਆਵਾਜਾਈ ਸਬੰਧੀ ਅਤੇ 12 ਮਈ ਨੂੰ ਹੋਟਲਾਂ ਵਲੋਂ ਵਿਦੇਸਾਂ ਵਿਚੋਂ ਆ ਰਹੇ ਭਾਰਤੀਆਂ ਨੂੰ ਏਕਾਂਤਵਾਸ ਕੇਂਦਰਾਂ ਵਿਚ ਸੇਵਾਵਾਂ ਦੇਣ ਸਬੰਧੀ ਐਡਵਾਇਜ਼ਰੀਆਂ ਜਾਰੀ ਕੀਤੀਆਂ ਗਈਆਂ ਸਨ।

------------------

PN-2*

File No.DIPR-ESTT/320/2020-O/o DPRO-GURDASPUR

I/29585/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਵਿਸ਼ਵ ਨੋ ਤੰਬਾਕੂ ਦਿਵਸ ਸਬੰਧੀ ਪੋਸਟਰ ਰੀਲੀਜ਼ ਕੀਤੇ-ਡਾ.ਕਿਸ਼ਨ ਚੰਦ ਸਿਵਲ ਸਰਜਨ

ਗੁਰਦਾਸਪੁਰ, 1 ਜੂਨ ( ) ਸਿਵਲ ਸਰਜਨ ਡਾ.ਕਿਸ਼ਨ ਚੰਦ ਨੇ ਆਪਣੇ ਦਫਤਰ ਵਿਖੇ ਲੋਕਾਂ ਨੂੰ ਤੰਬਾਕੂ ਦੇ ਬੁਰੇ ਪ੍ਰਭਾਵਾਂ ਬਾਰੇ ਜਾਗਰੂੱਕ ਕਰਨ ਲਈ ਪੋਸਟਰ ਰੀਲੀਜ਼ ਕੀਤੇ। ਉਨਾਂ ਦੱਸਿਆ ਕਿ ਤੰਬਾਕੂ ਇੱਕ ਅਜਿਹਾ ਪਦਾਰਥ ਹੈ ਜੋ ਕਿ ਇਨਸਾਨ ਦੇ ਫੇਫੜਿਆ ਨੂੰ ਨਸ਼ਟ ਕਰ ਦਿੰਦਾ ਹੈ।ਇਸ ਨਾਲ ਹੋਣ ਵਾਲੀਆਂ ਬਿਮਾਰੀਆਂ ਜਿਵੇ ਕਿ ਟੀ.ਬੀ.,ਮੂੰਹ ਦਾ ਕੈਂਸਰ, ਦੰਦਾਂ ਅਤੇ ਗਲੇ ਦਾ ਕੈਂਸਰ ਆਦਿ ਅੱਜ ਕੱਲ ਆਮ ਹੋ ਗਏ ਹਨ।ਇਸ ਲਈ ਸਾਨੂੰ ਇਸਦਾ ਸੇਵਨ ਨਹੀ ਕਰਨਾ ਚਾਹੀਦਾ।ਇਸ ਤੋਂ ਛੁਟਕਾਰਾ ਪਾਉਣ ਲਈ ਜ਼ਿਲੇ ਦੇ ਤੰਬਾਕੂ ਛੁਡਾਓ ਕੇਂਦਰ ਵਿੱਚ ਬਚਾਓ ਦੀ ਪੂਰੀ ਜਾਣਕਾਰੀ ਮਾਹਿਰ ਡਾਕਟਰਾਂ ਤੋਂ ਲਈ ਜਾ ਸਕਦੀ ਹੈ।

ਇਸ ਮੋਕੇ ਜ਼ਿਲ•ਾ ਨੋਡਲ ਅਫਸਰ (ਤੰਬਾਕੂ ਕੰਟਰੋਲ) ਡਾ.ਹਰਸਿਮਰਤ ਸਿੰਘ ਵੜੈਚ ਨੇ ਦੱਸਿਆ ਕਿ ਜਰਦਾ,ਗੁਟਕਾ, ਖੈਣੀ ਅਤੇ ਪਾਨ ਮਸਾਲੇ ਦੀ ਵਰਤੋਂ ਕਰਕੇ ਵਾਰ ਵਾਰ ਥੁੱਕਣਾ ਪੈਂਦਾ ਹੈ।ਜਿਸ ਕਾਰਨ ਕੋਵਿਡ-19 ਦੇ ਫੈਲਣ ਦਾ ਖਤਰਾ ਵੱਧ ਜਾਂਦਾ ਹੈ।ਜ਼ਿਲੇ ਦੇ ਤੰਬਾਕੂ ਛੁਡਾਓ ਕੇਂਦਰ ਵਿਖੇ ਇਸਦਾ ਮੁਫਤ ਇਲਾਜ ਕੀਤਾ ਜਾਂਦਾ ਹੈ।

ਇਸ ਮੋਕੇ ਜ਼ਿਲ•ਾ ਪਰਿਵਾਰ ਭਲਾਈ ਅਫਸਰ ਡਾ.ਵਿਜੈ ਕੁਮਾਰ , ਜ਼ਿਲ•ਾ ਟੀਕਾਕਰਨ ਅਫਸਰ, ਡਾ. ਮਨਚੰਦਾ, ਜ਼ਿਲ•ਾ ਟੀ.ਬੀ.ਅਫਸਰ ਡਾ. ਰਮੇਸ਼ ਕੁਮਾਰ ਅੱਤਰੀ, ਸ੍ਰੀ ਜੋਬਨਪ੍ਰੀਤ ਸਿੰਘ,ਗੁਰਦੇਵ ਸਿੰਘ, ਬੂਆ ਦੱਤ, ਅਮਰਜੀਤ ਸਿੰਘ ਦਾਲਮ ਡਿਪਟੀ ਮਾਸ ਮੀਡੀਆ ਅਫਸਰ ਆਦਿ ਹਾਜ਼ਰ ਸਨ।

------------------

I/29702/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜਿਲੇ ਅੰਦਰ 01 ਵਿਅਕਤੀ ਦੀ ਰਿਪੋਰਟ ਆਈ ਪੋਜ਼ਟਿਵ-ਜ਼ਿਲੇ ਅੰਦਰ ਕੁਲ 09 ਐਕਟਿਵ ਕੋਰੋਨਾ ਪੀੜਤ ਮਰੀਜ਼

ਗੁਰਦਾਸਪੁਰ, 1 ਜੂਨ (        ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਦੇ 01 ਵਿਅਕਤੀ ਦੀ ਰਿਪੋਰਟ ਪੋਜਟਿਵ ਆਉਣ ਨਾਲ ਜ਼ਿਲੇ ਅੰਦਰ ਪੋਜ਼ਟਿਵ ਕੇਸਾਂ ਦੀ ਕੁਲ ਗਿਣਤੀ 09 ਹੋ ਗਈ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਇਹ ਵਿਅਕਤੀ ਪਿੰਡ ਕੋਠੇ ਮਜੀਠੀਆ ਬਲਾਕ ਬਹਿਰਾਮਪੁਰ ਦਾ ਹੈ ਅਤੇ ਬੀਤੇ ਦਿਨੀਂ ਮੁੰਬਈ ਵਿਚੋਂ ਆਇਆ ਸੀ। ਇਸਨੂੰ ਕਮਿਊਨਿਟੀ ਹੈਲਥ ਸੈਂਟਰ, ਧਾਰੀਵਾਲ ਵਿਖੇ ਰੱਖਿਆ ਗਿਆ ਹੈ।

ਉਨਾਂ ਨੇ ਅੱਗੇ  ਦੱਸਿਆ ਕਿ ਜ਼ਿਲੇ ਅੰਦਰ 141 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ।  129  ਘਰਾਂ ਨੂੰ ਭੇਜੇ ਗਏ ਹਨ (122 ਠੀਕ ਹੋਏ ਹਨ, 07 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)।   04 ਪੀੜਤ ਧਾਰੀਵਾਲ ਅਤੇ  05 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜਿਲੇ ਅੰਦਰ 3340 ਸ਼ੱਕੀ ਮਰੀਜਾਂ ਵਿਚੋਂ 3195 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 141 ਕੋਰੋਨਾ ਪੀੜਤ ਅਤੇ 04 ਸੈਂਪਲ ਰਿਜੈਕਟ ਹੋਏ ਹਨ।

ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇ੍ਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਮਾਸਕ ਜਰੂਰ ਤੌਰ 'ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ।

------------------

I/29709/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਕੋਵਿਡ-19 ਮਹਾਂਮਾਰੀ ਦੇ ਮੱਦੇਨਜ਼ਰ 'ਘਰ-ਘਰ ਰੋਜ਼ਗਾਰ ਤੇ ਕਾਰੋਬਾਰ ਮਿਸ਼ਨ' ਡਿਜ਼ੀਟਲ ਮਾਧਿਆਮ ਰਾਹੀਂ ਚੱਲੇਗਾ-ਡਿਪਟੀ ਕਮਿਸ਼ਨਰ

ਗੁਰਦਾਸਪੁਰ, 1 ਜੂਨ ( ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਨੇ ਕੋਵਿਡ-19 ਮਹਾਂਮਾਰੀ ਦੇ ਮੱਦੇਨਜਰ 'ਘਰ-ਘਰ ਰੋਜਗਾਰ ਤੇ ਕਾਰੋਬਾਰ ਮਿਸ਼ਨ' ਨੂੰ ਡਿਜੀਟਲ ਮਾਧਿਅਮ ਰਾਹੀਂ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਬੰਧੀ ਜਿਲਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਗੁਰਦਾਸਪੁਰ ਵਲੋਂ ਕਿਰਤੀਆਂ , ਘੱਟ ਪੜੇ ਲਿਖੇ ਅਤੇ ਪੜੇ ਲਿਖੇ ਬੇਰੁਜਗਾਰ ਨੋਜਵਾਨਾਂ ਨੂੰ ਰੋਜਗਾਰ ਦਵਾਉਣ ਦੇ ਲਈ ਵੈਬ ਲਿੰਕ https://tinyurl.com/labour-registrationform ਤਿਆਰ ਕਰਕੇ ਉਹਨਾਂ ਦੀ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ। ਇਸ ਤਰਾਂ ਜੋ ਨਿਯੋਜਕ ਜਿਨਾਂ ਨੂੰ ਲੇਬਰ ਦੀ ਜਾਂ ਪੜੇ ਲਿਖੇ ਨੌਜਵਾਨਾਂ ਦੀ ਲੋੜ ਹੈ ਉਹਨਾਂ ਨੂੰ ਵੀ ਵਿਭਾਗ ਦੀ ਵੈਬਸਾÂੀਟ ਉਪਰ ਰਜਿਸਟਰ ਕੀਤਾ ਜਾ ਰਿਹਾ ਹੈ ।

ਉਨਾਂ ਅੱਗੇ ਦੱਸਿਆਂ ਕਿ ਇਸ ਸਬੰਧੀ ਰੋਜਗਾਰ ਦਫਤਰ ਦੀ ਟੀਮ ਦੇ ਨਾਲ ਨਾਲ ਵੱਖ ਵੱਖ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਟੀਮ ਦਾ ਗਠਨ ਕੀਤਾ ਹੈ। ਜਿਸ ਸਬੰਧੀ ਇਕ ਵਰਚੁਅਲ ਮੀਿੰਟਗ ਇਹਨਾਂ ਵਿਭਾਗਾਂ ਦੇ ਮੁੱਖੀਆਂ ਦੇ ਨਾਲ ਕੀਤੀ ਗਈ ਹੈ ਅਤੇ ਅਗਲੀ ਮੀਟਿੰਗ 04 ਜੂਨ ਨੂੰ ਦੁਬਾਰਾ ਕੀਤੀ ਜਾ ਰਹੀ ਹੈ। ਇਹਨਾਂ ਵਿਭਾਗਾਂ ਦੇ ਨੁਮਾਇੰਦੇ ਉਸਾਰੀ ਕਾਮੇ, ਐਗਰੀਕਲਚਰ ਕਾਮੇ, ਇੰਡਸਟਰੀਅਲ ਕਾਮੀਆਂ ਦੀ ਭਾਲ ਕਰਕੇ ਉਹਨਾਂ ਨੂੰ ਬੈਵ ਲਿੰਕ ਤੇ ਰਜਿਸਟਰ ਕਰਨ ਉਪਰੰਤ ਉਹਨਾਂ ਨੂੰ ਵੱਖ ਵੱਖ ਫੈਕਟਰੀਆਂ ਅਤੇ ਠੇਕੇਦਾਰਾਂ ਕੋਲੋ ਰਖਵਾਉਣਗੇ ਅਤੇ ਪੜੇ ਲਿਖੇ ਨੌਜਵਾਨਾਂ ਨੂੰ ਵਕੈਂਸੀਆਂ ਦੀ ਭਾਲ ਕਰਨ ਉਪਰੰਤ ਉਹਨਾਂ ਨੂੰ ਵੱਖ ਵੱਖ ਅਦਾਰੀਆਂ ਵਿੱਚ ਰਖਵਾਇਆ ਜਾਵੇਗਾ ।

ਉਹਨਾਂ ਅੱਗੇ ਦੱਸਿਆਂ ਕਿ ਬੀ.ਡੀ.ਪੀ.ਉ, ਸਿੱਖਿਆਂ ਸੰਸਥਾਵਾਂ, ਤਕਨੀਕੀ ਸਿੱਖਿਆਂ ਅਤੇ ਸੀ.ਐਸ.ਸੀ ਦੇ ਰਾਹੀਂ ਨੋਕਰੀ ਦੀ ਤਲਾਸ਼ ਕਰ ਰਹੇ ਨੌਜਵਾਣਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਅਤੇ ਉਦਯੋਗਿਕ ਵਿਭਾਗ, ਕਰ ਅਤੇ ਆਬਕਾਰੀ ਵਿਭਾਗ, ਲੇਬਰ ਵਿਭਾਗ , ਪੇਂਡੂ ਵਿਕਾਸ ਵਿਭਾਗ ਅਤੇ ਰੋਜਗਾਰ ਵਿਭਾਗ ਦੇ ਸਹਿਯੋਗ ਨਾਲ ਰੋਜਗਾਰ ਦਾਤਿਆਂ ਦੀ ਭਾਲ ਕੀਤੀ ਜਾ ਰਹੀ ਹੈ ਅਤੇ ਸਵੈ-ਰੋਜਗਾਰ ਦੀ ਭਾਲ ਕਰ ਰਹੇ ਨੌਜਵਾਨਾਂ ਨੂੰ ਸਵੈ ਰੋਜਗਾਰ ਨਾਲ ਸਬੰਧਤ ਵਿਭਾਗ ਨਾਲ ਤਾਲਮੇਲ ਕਰਕੇ ਸਵੈ ਰੋਜਗਾਰ ਦੀ ਟ੍ਰੇਨਿੰਗ ਅਤੇ ਕਰਜੇ ਦੀ ਸਹੂਲਤ ਮੁਹੱਇਆਂ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਉਹਨਾਂ ਰੋਜਗਾਰ ਦੀ ਭਾਲ ਵਾਲੇ ਨੌਜਵਾਨਾਂ ਅਤੇ ਰੋਜਗਾਰ ਦਾਤਿਆਂ ਨੂੰ ਅਪੀਲ ਕੀਤੀ ਕੀ ਉਹ ਜਿਲ•ਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਜਾਰੀ ਕੀਤੇ ਹੈਲਪਲਾਈਨ ਨੰ: 8196015208 ਤੇ ਸਪੰਰਕ ਕਰ ਸਕਦੇ ਹਨ ਜਾਂ ਆਪਣੀ ਕਾਰੋਬਾਰ ਸਬੰਧੀ ਸਮੱਸਿਆਵਾਂ ਮੇਲ ਆਈਡੀ(employmenthelpline.gsp@gmail.com) ਤੇ ਭੇਜ ਸਕਦੇ ਹਨ, ਤਾ ਜੋ ਰੋਜਗਾਰ ਦੀ ਭਾਲ ਕਰਨ ਵਾਲੇ ਅਤੇ ਰੋਜਗਾਰ ਦਾਤਿਆਂ ਨੂੰ ਇੱਕ ਪਲੇਟਫਾਰਮ ਤੇ ਸਹੂਲਤਾਂ ਮੁਹੱਈਆਂ ਕਰਵਾਈਆਂ ਜਾ ਸਕਣ।

----------------